


# ਐਨ.ਆਰ.ਆਈ ਪੋਸਟ

ਨੰ. 1 ਪੰਜਾਬੀ ਅਖ਼ਬਾਰ




Vol. No. 382 Wednesday, 23rd April-29th April 2025 Price $ 1.00 Editor : Pardeep Bains www.nripost.com Tel. +1 (905) 452-4548

# ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਚ ਦਹਿਸ਼ਤੀ ਹਮਲੇ 'ਚ 27 ਮੌਤਾਂ, ਮ੍ਰਿਤਕਾਂ ਵਿਚ ਬਹੁਤੇ ਸੈਲਾਨੀ

## ਪਾਕਿ ਅਧਾਰਿਤ ਲਸ਼ਕਰ-ਏ-ਤਇਬਾ ਨਾਲ ਸਬੰਧਤ ਸਮੂਹ ਦਿ ਰਜ਼ਿਸਟੈਂਸ ਫਰੰਟ (ਟੀਆਰਐਫ) ਨੇ ਲਈ ਹਮਲੇ ਦੀ ਜ਼ਿੰਮੇਵਾਰੀ







ਸ੍ਰੀਨਗਰ (ਐੱਨਆਰਆਈ ਮੀਡਿਆ): ਜੰਮੂ-ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਵਿੱਚ ਮੰਗਲਵਾਰ ਸ਼ਾਮੀਂ ਹੋਏ ਦਹਿਸ਼ਤੀ ਹਮਲੇ ਵਿੱਚ 27 ਵਿਅਕਤੀਆਂ ਦੀ ਮੌਤ ਹੋ ਗਈ, ਜਿਨ੍ਹਾਂ ਵਿਚ ਬਹੁਗਿਣਤੀ ਸੈਲਾਨੀ ਦੱਸੇ ਜਾਂਦੇ ਹਨ। ਇਕ ਉੱਚ ਅਧਿਕਾਰੀ ਨੇ ਕਿਹਾ ਕਿ ਮ੍ਰਿਤਕਾਂ ਵਿਚ 2 ਵਿਦੇਸ਼ੀ ਤੇ 2 ਸਥਾਨਕ ਵਿਅਕਤੀ ਵੀ ਸ਼ਾਮਲ ਹਨ।

ਪਾਕਿਸਤਾਨ ਅਧਾਰਿਤ ਪਾਬੰਦੀਸ਼ੁਦਾ ਦਹਿਸ਼ਤੀ ਸਮੂਹ ਲਸ਼ਕਰ-ਏ-ਤਇਬਾ ਨਾਲ ਸਬੰਧਤ ਸਮੂਹ ਦਿ ਰਜ਼ਿਸਟੈਂਸ ਫਰੰਟ (ਟੀਆਰਐੱਫ) ਨੇ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਅਧਿਕਾਰੀਆਂ ਨੇ ਕਿਹਾ ਕਿ ਇਹ ਸੰਭਵ ਹੈ ਕਿ ਅਤਿਵਾਦੀ ਸਮੂਹ ਜੰਮੂ ਦੇ ਕਿਸ਼ਤਵਾੜ ਤੋਂ ਪਾਰ ਹੋ ਕੇ ਦੱਖਣੀ ਕਸ਼ਮੀਰ ਦੇ ਕੋਕਰਨਾਗ ਰਾਹੀਂ ਬੈਸਰਨ ਪਹੁੰਚਿਆ ਹੋਵੇ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸਾਊਦੀ ਅਰਬ ਦੇ ਦੌਰੇ 'ਤੇ ਗਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦਹਿਸ਼ਤੀ ਹਮਲੇ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਤੋਂ ਤੁਰੰਤ ਬਾਅਦ ਸਾਰੀਆਂ ਏਜੰਸੀਆਂ ਨਾਲ ਇੱਕ ਜ਼ਰੂਰੀ ਸੁਰੱਖਿਆ ਸਮੀਖਿਆ ਮੀਟਿੰਗ ਕਰਨ ਲਈ ਸ੍ਰੀਨਗਰ ਰਵਾਨਾ ਹੋ ਗਏ।

ਇੱਕ ਚਸ਼ਮਦੀਦ ਗਵਾਹ ਦੇ ਅਨੁਸਾਰ, ਅਣਪਛਾਤੇ ਬੰਦੂਕਧਾਰੀਆਂ ਨੇ ਸੈਲਾਨੀਆਂ 'ਤੇ ਨੇੜਿਓਂ ਗੋਲੀਬਾਰੀ ਕੀਤੀ, ਜਿਸ ਕਾਰਨ ਕਈ ਲੋਕ ਜ਼ਖਮੀ ਹੋ ਗਏ। ਹਮਲੇ ਵਿਚ ਵਾਲ-ਵਾਲ ਬਚੀ ਇੱਕ ਔਰਤ ਨੇ ਫ਼ੋਨ 'ਤੇ ਪੀਟੀਆਈ ਨੂੰ ਦੱਸਿਆ, ਮੇਰੇ ਪਤੀ ਦੇ ਸਿਰ ਵਿੱਚ ਗੋਲੀ ਲੱਗੀ ਹੈ, ਜਦੋਂ ਕਿ ਹਮਲੇ ਵਿੱਚ ਸੱਤ ਹੋਰ ਵਿਅਕਤੀ ਵੀ ਜ਼ਖ਼ਮੀ ਹੋਏ ਸਨ। ਔਰਤ ਨੇ ਆਪਣੀ ਪਛਾਣ ਨਹੀਂ ਦੱਸੀ ਪਰ ਜ਼ਖ਼ਮੀਆਂ ਨੂੰ ਹਸਪਤਾਲ ਲਿਜਾਣ ਵਿੱਚ ਮਦਦ ਦੀ ਬੇਨਤੀ ਕੀਤੀ। ਅਧਿਕਾਰੀਆਂ ਨੇ ਕਿਹਾ ਕਿ ਜ਼ਖਮੀਆਂ ਨੂੰ ਸੁਰੱਖਿਅਤ ਕੱਢਣ ਲਈ ਇੱਕ ਹੈਲੀਕਾਪਟਰ ਸੇਵਾ ਵਿੱਚ ਲਗਾਇਆ ਗਿਆ ਹੈ ਅਤੇ ਕੁਝ ਜ਼ਖਮੀਆਂ ਨੂੰ ਸਥਾਨਕ ਲੋਕਾਂ ਨੇ ਆਪਣੇ ਘੋੜਿਆਂ ਰਾਹੀਂ ਘਾਹ ਦੇ ਮੈਦਾਨਾਂ ਤੋਂ ਹੇਠਾਂ ਲਿਆਂਦਾ। ਪਹਿਲਗਾਮ ਹਸਪਤਾਲ ਦੇ ਇੱਕ ਡਾਕਟਰ ਨੇ ਦੱਸਿਆ ਕਿ 12 ਜ਼ਖਮੀ ਸੈਲਾਨੀਆਂ ਨੂੰ ਉੱਥੇ ਦਾਖਲ ਕਰਵਾਇਆ ਗਿਆ ਹੈ ਅਤੇ ਸਾਰਿਆਂ ਦੀ ਹਾਲਤ ਸਥਿਰ ਹੈ। ਇਸ ਤੋਂ ਪਹਿਲਾਂ ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਇੱਥੇ ਦੱਸਿਆ ਕਿ ਗੋਲੀਆਂ ਦੀ ਆਵਾਜ਼ ਸੁਣਾਈ ਦੇਣ ਤੋਂ ਬਾਅਦ ਸੁਰੱਖਿਆ ਬਲ ਪਹਿਲਗਾਮ ਦੇ ਬੈਸਰਨ ਮੈਦਾਨ ਵਿੱਚ ਪਹੁੰਚੇ।

ਇਹ ਹਮਲਾ ਉਸ ਵੇਲੇ ਕੀਤਾ ਗਿਆ ਜਦੋਂ ਅਮਰੀਕਾ ਦੇ ਉਪ ਰਾਸ਼ਟਰਪਤੀ ਜੇਡੀ ਵੈਂਸ ਭਾਰਤ ਦੇ ਚਾਰ-ਰੋਜ਼ਾ ਸਰਕਾਰੀ ਦੌਰੇ ਉਤੇ ਆਏ ਹੋਏ ਹਨ। ਉਹ ਮੰਗਲਵਾਰ ਨੂੰ ਰਾਜਸਥਾਨ ਦੀ ਯਾਤਰਾ ਉਤੇ ਸਨ। ਇਹ ਘਟਨਾ ਉਦੋਂ ਵਾਪਰੀ ਹੈ ਜਦੋਂ ਕਸ਼ਮੀਰ ਸਾਲਾਂ ਤੋਂ ਅਤਿਵਾਦ ਦੀ ਮਾਰ ਝੱਲਣ ਤੋਂ ਬਾਅਦ ਸੈਲਾਨੀਆਂ ਦੀ ਆਮਦ ਵਿੱਚ ਵਾਧਾ ਦੇਖ ਰਿਹਾ ਹੈ। ਇਸ ਤੋਂ ਇਲਾਵਾ, 38 ਦਿਨਾਂ ਦੀ ਅਮਰਨਾਥ ਯਾਤਰਾ ਵੀ 3 ਜੁਲਾਈ ਨੂੰ ਸ਼ੁਰੂ ਹੋਣ ਵਾਲੀ ਹੈ। ਦੇਸ਼ ਭਰ ਤੋਂ ਲੱਖਾਂ ਸ਼ਰਧਾਲੂ ਦੋ ਰੂਟਾਂ ਦੱਖਣੀ ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਵਿੱਚ ਰਵਾਇਤੀ 48 ਕਿਲੋਮੀਟਰ ਪਹਿਲਗਾਮ ਰਸਤਾ ਅਤੇ ਗੰਦਰਬਲ ਜ਼ਿਲ੍ਹੇ ਵਿੱਚ ਛੋਟਾ 14 ਕਿਲੋਮੀਟਰ ਦਾ ਪਰ ਖੜ੍ਹਵਾਂ ਬਾਲਟਾਲ ਰਸਤਾ, ਰਾਹੀਂ ਗੁਫਾ ਤੀਰਥ ਸਥਾਨ ਦੀ ਯਾਤਰਾ ਕਰਦੇ ਹਨ।

ਬਾਕੀ ਖਬਰ ਸਫ਼ਾ ਨੰ: 2 'ਤੇ


### ਇਸ ਘਿਨਾਉਣੇ ਕਾਰੇ ਦੇ ਪਿੱਛੇ ਜਿਹੜੇ ਲੋਕ ਹਨ...ਉਨ੍ਹਾਂ ਨੂੰ ਬਖਸ਼ਿਆ ਨਹੀਂ ਜਾਵੇਗਾ: ਮੋਦੀ



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਕਸ 'ਤੇ ਇਕ ਪੋਸਟ ਵਿਚ ਕਿਹਾ, "ਮੈਂ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਦਹਿਸ਼ਤੀ ਹਮਲੇ ਦੀ ਸਖ਼ਤ ਨਿੰਦਾ ਕਰਦਾ ਹਾਂ। ਉਨ੍ਹਾਂ ਲੋਕਾਂ ਪ੍ਰਤੀ ਸੰਵੇਦਨਾ ਜਿਨ੍ਹਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ। ਮੈਂ ਪ੍ਰਾਰਥਨਾ ਕਰਦਾ ਹਾਂ ਕਿ ਜ਼ਖਮੀ ਜਲਦੀ ਤੋਂ ਜਲਦੀ ਠੀਕ ਹੋ ਜਾਣ। ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ।" ਮੋਦੀ ਨੇ ਕਿਹਾ, "ਇਸ ਘਿਨਾਉਣੇ ਕਾਰੇ ਦੇ ਪਿੱਛੇ ਜਿਹੜੇ ਲੋਕ ਹਨ, ਉਨ੍ਹਾਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ ਉਨ੍ਹਾਂ ਨੂੰ ਬਖਸ਼ਿਆ ਨਹੀਂ ਜਾਵੇਗਾ! ਉਨ੍ਹਾਂ ਦੇ ਮਾੜੇ ਇਰਾਦੇ ਕਦੇ ਵੀ ਸਫ਼ਲ ਨਹੀਂ ਹੋਣਗੇ। ਅਤਿਵਾਦ ਨਾਲ ਲੜਨ ਦਾ ਸਾਡਾ ਇਰਾਦਾ ਅਟੱਲ ਹੈ ਅਤੇ ਇਹ ਹੋਰ ਵੀ ਮਜ਼ਬੂਤ ਹੋਵੇਗਾ।"

### ਵਿਰੋਧ ਪ੍ਰਦਰਸ਼ਨਾਂ ਦੇ ਸੱਦੇ ਨੂੰ ਲੈ ਕੇ ਜੰਮੂ ਵਿਚ ਸੁਰੱਖਿਆ ਵਧਾਈ

ਹਮਲੇ ਦੇ ਵਿਰੋਧ ਵਿਚ ਵੱਖ ਵੱਖ ਜਥੇਬੰਦੀਆਂ ਵੱਲੋਂ ਦਿੱਤੇ ਵਿਰੋਧ ਪ੍ਰਦਰਸ਼ਨਾਂ ਦੇ ਸੱਦੇ ਦੇ ਮੱਦੇਨਜ਼ਰ ਜੰਮੂ ਵਿਚ ਸੁਰੱਖਿਆ ਵਧਾ ਦਿੱਤੀ ਗਈ ਹੈ। ਕਾਂਗਰਸ ਦੀ ਜੰਮੂ ਕਸ਼ਮੀਰ ਇਕਾਈ ਤੇ ਕਈ ਸੱਜੇ-ਪੱਖੀ ਸਮੂਹਾਂ ਨੇ ਜੰਮੂ ਸ਼ਹਿਰ ਤੇ ਹੋਰ ਕਈ ਥਾਵਾਂ 'ਤੇ ਵੱਡੇ ਰੋਸ ਪ੍ਰਦਰਸ਼ਨਾਂ ਦਾ ਐਲਾਨ ਕੀਤਾ ਹੈ। ਅਧਿਕਾਰੀਆਂ ਨੇ ਕਿਹਾ ਕਿ ਜੰਮੂ ਦੇ ਡਿਵੀਜ਼ਨਲ ਕਮਿਸ਼ਨਰ ਰਮੇਸ਼ ਕੁਮਾਰ ਤੇ ਆਈਜੀਪੀ ਜੰਮੂ ਭੀਮ ਸੇਨ ਟੂਟੀ ਦੀ ਸਾਂਝੀ ਅਗਵਾਈ ਵਿਚ ਉੱਚ ਪੱਧਰੀ ਸੁਰੱਖਿਆ ਬੈਠਕ ਹੋਈ, ਜਿਸ ਵਿਚ ਹਾਲਾਤ ਨਾਲ ਸਿੱਝਣ ਬਾਰੇ ਰਣਨੀਤੀ ਘੜੀ ਗਈ। ਅਧਿਕਾਰੀਆਂ ਨੇ ਕਿਹਾ ਕਿ ਅਮਨ ਤੇ ਕਾਨੂੰਨ ਬਣਾਈ ਰੱਖਣ ਲਈ ਇਹਤਿਆਤ ਵਜੋਂ ਸੰਵੇਦਨਸ਼ੀਲ ਇਲਾਕਿਆਂ ਵਿਚ ਵਾਧੂ ਪੁਲੀਸ ਤੇ ਨੀਮ ਫੌਜੀ ਬਲ ਤਾਇਨਾਤ ਕੀਤੇ ਗਏ ਹਨ। ਕਾਂਗਰਸ ਨੇ ਆਪਣੇ ਸਾਰੇ ਆਗੂਆਂ ਤੇ ਵਰਕਰਾਂ ਨੂੰ ਜੰਮੂ ਸ਼ਹਿਰੀ ਤੇ ਗ੍ਰਾਮੀਣ ਬਲਾਕਾਂ ਤੇ ਮੂਹਰਲੇ ਵਿੰਗਾਂ ਨੂੰ ਪਾਰਟੀ ਹੈੱਡਕੁਆਰਟਰ 'ਤੇ ਇਕੱਠੇ ਹੋਣ ਲਈ ਕਿਹਾ ਹੈ।



"ਮੌਤਾਂ ਦੀ ਗਿਣਤੀ ਦਾ ਪਤਾ ਲਗਾਇਆ ਜਾ ਰਿਹਾ ਹੈ। ਇਹ ਹਮਲਾ ਹਾਲ ਹੀ ਦੇ ਸਾਲਾਂ ਦੌਰਾਨ ਆਮ ਲੋਕਾਂ 'ਤੇ ਕੀਤੇ ਗਏ ਕਿਸੇ ਵੀ ਹਮਲੇ ਨਾਲੋਂ ਕਿਤੇ ਵੱਡਾ ਹੈ। ਹਮਲਾ ਸੈਲਾਨੀਆਂ ਦੇ ਪਸੰਦੀਦਾ ਘਾਹ ਦੇ ਬੈਸਰਨ ਵਿੱਚ ਬਾਅਦ ਦੁਪਹਿਰ ਕਰੀਬ 3 ਵਜੇ ਹੋਇਆ। ਉਥੇ ਸਿਰਫ਼ ਪੈਦਲ ਜਾਂ ਘੋੜਿਆਂ ਰਾਹੀਂ ਹੀ ਪਹੁੰਚਿਆ ਜਾ ਸਕਦਾ ਹੈ। ਉਥੇ ਸਵੇਰੇ ਸੈਲਾਨੀਆਂ ਦਾ ਇੱਕ ਟੋਲਾ ਘੁੰਮਣ ਗਿਆ ਸੀ।"

**- ਉਮਰ ਅਬਦੁੱਲਾ, ਮੁੱਖ ਮੰਤਰੀ (ਜੰਮੂ-ਕਸ਼ਮੀਰ)**

## ਕੈਨੇਡਾ ਸੰਸਦੀ ਚੋਣਾਂ

# ਲਿਬਰਲ ਪਾਰਟੀ ਦੀ ਬਣੀ ਰਹੇਗੀ ਸਰਕਾਰ, ਬਹੁਮਤ ਤੋਂ 4 ਸੀਟਾਂ ਨਾਲ ਖੁੰਝੀ ਪ੍ਰਧਾਨ ਮੰਤਰੀ ਕਾਰਨੀ ਦੀ ਪਾਰਟੀ



ਵੈਨਕੂਵਰ/ ਬਰੈਪਟਨ (ਐੱਨਆਰਆਈ ਮੀਡਿਆ): ਕੈਨੇਡਾ ਦੀਆਂ ਸੰਸਦੀ ਚੋਣਾਂ ਵਿਚ ਸੱਤਾਧਾਰੀ ਲਿਬਰਲ ਪਾਰਟੀ 168 ਸੀਟਾਂ ਜਿੱਤ ਕੇ ਸਪਸ਼ਟ ਬਹੁਮਤ ਲਈ ਲੋੜੀਂਦੀਆਂ 172 ਸੀਟਾਂ ਤੋਂ ਮਹਿਜ਼ 4 ਸੀਟਾਂ ਨਾਲ ਖੁੰਝ ਗਈ ਹੈ। ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਆਪਣੀ ਸੀਟ ਵੱਡੇ ਫਰਕ ਨਾਲ ਜਿੱਤ ਲਈ ਹੈ ਜਦੋਂਕਿ ਨਿਊ ਡੈਮੋਕਰੈਟਿਕ ਪਾਰਟੀ (ਐੱਨਡੀਪੀ) ਦੇ ਜਗਮੀਤ ਸਿੰਘ (ਬਰਨਬੀ ਸੈਂਟਰਲ) ਤੇ ਕੰਜ਼ਰਵੇਟਿਵ ਪਾਰਟੀ ਦੇ ਪੀਅਰ ਪੋਲਿਵਰ ਚੋਣ ਹਾਰ ਗਏ ਹਨ।

ਜਗਮੀਤ ਸਿੰਘ ਨੇ ਐੱਨਡੀਪੀ ਨੂੰ ਚੋਣਾਂ ਵਿੱਚ ਲੱਗੇ ਵੱਡੇ ਖੋਰੇ ਅਤੇ ਖ਼ੁਦ ਚੋਣ ਨਾ ਜਿੱਤ ਸਕਣ ਕਰਕੇ ਪਾਰਟੀ ਆਗੂ ਵਜੋਂ ਅਸਤੀਫਾ ਦੇਣ ਦਾ ਐਲਾਨ ਕੀਤਾ ਹੈ। ਇਸ ਤੋਂ ਪਹਿਲਾਂ ਸਾਲ 2019 ਅਤੇ 2022 ਵਿੱਚ ਵੀ ਮੁਲਕ ਵਿਚ ਕਿਸੇ ਪਾਰਟੀ ਨੂੰ ਬਹੁਮਤ ਨਹੀਂ ਮਿਲਿਆ ਸੀ ਤੇ ਲਿਬਰਲ ਪਾਰਟੀ ਐਨਡੀਪੀ ਦੇ ਸਹਿਯੋਗ ਨਾਲ ਸਰਕਾਰ ਚਲਾਉਂਦੀ ਰਹੀ ਹੈ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਕੈਨੇਡਾ ਦੇ ਅਮਰੀਕਾ ਵਿਚ ਰਲੇਵੇਂ ਦੀ ਧਮਕੀ ਤੇ ਵਪਾਰਕ ਜੰਗ ਨੇ ਲਿਬਰਲ ਪਾਰਟੀ ਦੀ ਜਿੱਤ ਵਿਚ ਅਹਿਮ ਭੂਮਿਕਾ ਨਿਭਾਈ ਹੈ।


ਸੰਬੰਧਤ ਖਬਰ ਸਫ਼ਾ ਨੰ: 3 'ਤੇ

### ਟਰੰਪ ਨੇ ਸਾਨੂੰ ਤੋੜਨ ਦੀ ਕੋਸ਼ਿਸ਼ ਕੀਤੀ: ਮਾਰਕ ਕਾਰਨੀ

ਟੋਰਾਂਟੋ: ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਸੰਸਦੀ ਚੋਣਾਂ ਵਿਚ ਲਿਬਰਲ ਪਾਰਟੀ ਨੂੰ ਮਿਲੀ ਜਿੱਤ ਮਗਰੋਂ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਉਨ੍ਹਾਂ ਦੇ ਮੁਲਕ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੇ ਹਨ। ਓਟਵਾ ਵਿਚ ਜੇਤੂ ਤਕਰੀਰ ਦੌਰਾਨ ਆਪਣੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਕਾਰਨੀ ਨੇ ਵਾਸ਼ਿੰਗਟਨ ਦੀਆਂ ਧਮਕੀਆਂ ਦੇ ਸਾਹਮਣੇ ਕੈਨੇਡੀਅਨ ਲੋਕਾਂ ਦੇ ਏਕੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਉਨ੍ਹਾਂ ਕਿਹਾ, "ਅਸੀਂ ਅਮਰੀਕੀ ਵਿਸ਼ਵਾਸਘਾਤ ਦੇ ਸਦਮੇ 'ਚੋਂ ਬਾਹਰ ਆ ਗਏ ਹਾਂ, ਪਰ ਸਾਨੂੰ ਕਦੇ ਵੀ ਸਬਕ ਨਹੀਂ ਭੁੱਲਣੇ ਚਾਹੀਦੇ।" ਕਾਰਨੀ ਨੇ ਕਿਹਾ, "ਜਿਵੇਂ ਕਿ ਮੈਂ ਮਹੀਨਿਆਂ ਤੋਂ ਚੇਤਾਵਨੀ ਦੇ ਰਿਹਾ ਹਾਂ, ਅਮਰੀਕਾ ਸਾਡੀ ਜ਼ਮੀਨ, ਸਾਡੇ ਸਰੋਤ, ਸਾਡਾ ਪਾਣੀ, ਸਾਡਾ ਦੇਸ਼ ਚਾਹੁੰਦਾ ਹੈ। ਇਹ ਧਮਕੀਆਂ ਕੋਈ ਐਵੇਂ ਹੀ ਨਹੀਂ ਹਨ। ਰਾਸ਼ਟਰਪਤੀ ਟਰੰਪ ਸਾਨੂੰ ਤੋੜਨ ਦੀ ਕੋਸ਼ਿਸ਼ ਕਰ ਰਹੇ ਹਨ ਤਾਂ ਜੋ ਅਮਰੀਕਾ ਸਾਡਾ ਮਾਲਕ ਬਣ ਸਕੇ। ਇਹ ਕਦੇ ਵੀ ਕਦੇ ਨਹੀਂ ਹੋਵੇਗਾ। ਪਰ ਸਾਨੂੰ ਇਸ ਹਕੀਕਤ ਨੂੰ ਵੀ ਪਛਾਣਨਾ ਚਾਹੀਦਾ ਹੈ ਕਿ ਸਾਡੀ ਦੁਨੀਆ ਬੁਨਿਆਦੀ ਤੌਰ 'ਤੇ ਬਦਲ ਗਈ ਹੈ।

### ਕੈਨੇਡੀਅਨਾਂ ਦੇ ਹੱਕਾਂ ਲਈ ਲੜਦਾ ਰਹਾਂਗਾ: ਪੋਲਿਵਰ



ਕੰਜ਼ਰਵੇਟਿਵ ਪਾਰਟੀ ਦੇ ਆਗੂ ਪੀਅਰ ਪੋਲਿਵਰ ਨੇ ਕਿਹਾ ਕਿ ਉਹ ਚੋਣ ਹਾਰਨ ਦੇ ਬਾਵਜੂਦ ਕੈਨੇਡਾ ਦੇ ਲੋਕਾਂ ਦੇ ਹੱਕਾਂ ਲਈ ਲੜਦੇ ਰਹਿਣਗੇ। ਪੋਲਿਵਰ ਨੇ ਆਪਣੇ ਸਮਰਥਕਾਂ ਨੂੰ ਕਿਹਾ, "ਅਸੀਂ ਇਸ ਤੱਥ ਤੋਂ ਜਾਣੂ ਹਾਂ ਕਿ ਅਸੀਂ ਅਜੇ ਤੱਕ ਅੰਤਿਮ ਰੇਖਾ ਨੂੰ ਪਾਰ ਨਹੀਂ ਕੀਤਾ। ਅਸੀਂ ਜਾਣਦੇ ਹਾਂ ਕਿ ਤਬਦੀਲੀ ਦੀ ਲੋੜ ਹੈ, ਪਰ ਤਬਦੀਲੀ ਆਪਣੇ ਆਪ ਨਹੀਂ ਆਉਂਦੀ, ਇਸ ਲਈ ਮਿਹਨਤ ਕਰਨੀ ਪੈਂਦੀ ਹੈ। ਇਸ ਵਿੱਚ ਸਮਾਂ ਲੱਗਦਾ ਹੈ। ਅਤੇ ਇਸ ਲਈ ਸਾਨੂੰ ਸਬਕ ਸਿੱਖਣੇ ਪੈਣਗੇ - ਤਾਂ ਜੋ ਅਗਲੀ ਵਾਰ ਜਦੋਂ ਕੈਨੇਡੀਅਨ ਦੇਸ਼ ਦਾ ਭਵਿੱਖ ਤੈਅ ਕਰਨ ਤਾਂ ਅਸੀਂ ਹੋਰ ਵੀ ਵਧੀਆ ਨਤੀਜਾ ਪ੍ਰਾਪਤ ਕਰ ਸਕੀਏ।"

## ਵੈਨਕੂਵਰ 'ਚ ਫਿਲੀਪੀਨੇ ਭਾਈਚਾਰੇ ਵਲੋਂ ਮਨਾਏ ਜਾ ਰਹੇ ਰਵਾਇਤੀ ਮੇਲੇ 'ਚ ਭੀੜ ਨੂੰ ਵਾਹਨ ਨੇ ਕੁਚਲਿਆ, 9 ਮੌਤਾਂ ਤੇ ਦਰਜਨਾਂ ਜ਼ਖਮੀ

ਵੈਨਕੂਵਰ/ ਬਰੈਪਟਨ (ਐੱਨਆਰਆਈ ਮੀਡਿਆ): ਇਥੇ ਵੱਸਦੇ ਫਿਲੀਪੀਨੇ ਭਾਈਚਾਰੇ ਵਲੋਂ ਮਨਾਏ ਜਾ ਰਹੇ ਰਵਾਇਤੀ ਮੇਲੇ ਮੌਕੇ ਇਕੱਤਰ ਸੈਂਕੜੇ ਲੋਕਾਂ ਦੀ ਭੀੜ ਨੂੰ ਇੱਕ ਵਾਹਨ ਨੇ ਟੱਕਰ ਮਾਰੀ ਤੇ ਦੂਰ ਤੱਕ ਕੁਚਲਦਾ ਗਿਆ। ਇਸ ਹਾਦਸੇ ਵਿਚ 9 ਲੋਕਾਂ ਦੀ ਮੌਤ ਹੋ ਗਈ ਤੇ ਦਰਜਨਾਂ ਜ਼ਖ਼ਮੀ ਦੱਸੇ ਜਾਂਦੇ ਹਨ।

ਸੰਬੰਧਤ ਖਬਰ ਸਫ਼ਾ ਨੰ: 3 'ਤੇ

